# ਸਿਹਤ ਵਿਭਾਗ ਮੋਗਾ ਦੇ 'ਮੋਬਾਇਲ ਮੈਡੀਕਲ ਯੂਨਿਟ' ਵੱਲੋਂ ਬੀਤੇ ਜੂਨ ਮਹੀਨੇ ਦੌਰਾਨ ਜ਼ਿਲ੍ਹੇ ਦੇ 24 ਪਿੰਡਾਂ ਦਾ ਦੌਰਾ ਕਰਕੇ 997 ਮਰੀਜ਼ਾਂ ਦਾ ਕੀਤਾ ਗਿਆ ਮੈਡੀਕਲ ਚੈਕਅਪ-ਡਿਪਟੀ ਕਮਿਸ਼ਨਰ

- **ਦਿਹਾਤੀ ਖੇਤਰਾਂ ਦੇ ਲੋਕਾਂ ਲਈ ਵਰਦਾਨ ਸਾਬਿਤ ਹੋ ਰਹੀ ਹੈ ਮੋਬਾਈਲ ਮੈਡੀਕਲ ਬੱਸ ਸੇਵਾ**
- **ਮੋਬਾਈਲ ਮੈਡੀਕਲ ਯੂਨਿਟ ਇਸ ਜੁਲਾਈ ਮਹੀਨੇ ਦੌਰਾਨ 26 ਪਿੰਡਾਂ ਦਾ ਦੌਰਾ ਕਰਕੇ ਪੇਂਡੂ ਵਸਨੀਕਾਂ ਦਾ ਕਰੇਗੀ ਇਲਾਜ**

ਮੋਗਾ 14 ਜੁਲਾਈ:

ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਰਾਜ ਦੇ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਵਿਆਪਕ ਉਪਰਾਲੇ ਕਰਦਿਆਂ ਜਿੱਥੇ ਸਿਹਤ ਦੇ ਖੇਤਰ ਵਿੱਚ ਮਹੱਤਵਪੂਰਣ ਭਲਾਈ ਸਕੀਮਾਂ ਨੂੰ ਸਫ਼ਲਤਾ ਨਾਲ ਲਾਗੂ ਕੀਤਾ ਜਾ ਰਿਹਾ ਹੈ, ਉਥੇ ਪਿੰਡਾਂ ਦੇ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨਜ਼ਦੀਕ ਹੀ ਮੈਡੀਕਲ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।

ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਮੋਗਾ ਸ. ਦਿਲਰਾਜ ਸਿੰਘ ਆਈ.ਏ.ਐਸ ਨੇ ਦੱਸਿਆ ਕਿ ਸਰਕਾਰ ਦੇ ਇਸ ਉਦੇਸ਼ ਦੀ ਪੂਰਤੀ ਲਈ ਮੋਗਾ ਜ਼ਿਲ੍ਹੇ ਵਿੱਚ ਮੋਬਾਈਲ ਮੈਡੀਕਲ ਬੱਸ ਚਲਾਈ ਜਾ ਰਹੀ ਹੈ, ਜਿਸ ਤਹਿਤ ਜ਼ਿਲ੍ਹੇ ਦੇ ਦਿਹਾਤੀ ਵਸਨੀਕਾਂ ਨੂੰ ਮੁਫ਼ਤ ਮੈਡੀਕਲ ਸਹੂਲਤਾਂ ਪ੍ਰਦਾਨ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਮੋਗਾ ਦੇ ਮੋਬਾਈਲ ਮੈਡੀਕਲ ਯੂਨਿਟ ਵੱਲੋਂ ਬੀਤੇ ਜੂਨ, 2017 ਮਹੀਨੇ ਦੌਰਾਨ ਜ਼ਿਲ੍ਹੇ ਦੇ 24 ਪਿੰਡਾਂ ਦਾ ਦੌਰਾ ਕਰਕੇ 997 ਮਰੀਜ਼ਾਂ ਦਾ ਮੈਡੀਕਲ ਚੈਕ-ਅਪ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਸ ਮੈਡੀਕਲ ਸੁਵਿਧਾ ਰਾਹੀ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਦੇਣ ਦੇ ਨਾਲ-ਨਾਲ ਉਨ੍ਹਾਂ ਦੇ ਈ.ਸੀ.ਜੀ, ਲੈਬ ਟੈਸਟ ਆਦਿ ਵੀ ਮੌਕੇ 'ਤੇ ਮੁਫ਼ਤ ਕੀਤੇ ਜਾਂਦੇ ਹਨ।ਉਨ੍ਹਾਂ ਦੱਸਿਆ ਕਿ ਇਸ ਮੋਬਾਇਲ ਮੈਡੀਕਲ ਬੱਸ ਰਾਹੀ ਲੋੜਵੰਦਾਂ ਤੱਕ ਪਹੁੰਚ ਕਰਕੇ ਸਿਹਤ ਸੇਵਾਵਾਂ ਦੇਣ ਨਾਲ ਜ਼ਿਲ੍ਹੇ ਦੇ ਦੂਰ-ਦੁਰੇਡੇ ਦੇ ਖੇਤਰਾਂ ਦੇ ਲੋਕਾਂ ਨੂੰ ਵੱਡਾ ਲਾਭ ਮਿਲਦਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਪਿੰਡਾਂ ਵਿੱਚ ਰਹਿੰਦੇ ਬਜ਼ੁਰਗ, ਅਪਾਹਜ਼, ਬੱਚੇ ਅਤੇ ਹੋਰ ਲੋੜਵੰਦ ਵਿਅਕਤੀ ਜਿਹੜੇ ਹਸਪਤਾਲ ਤੱਕ ਦਵਾਈ ਲੈਣ ਲਈ ਨਹੀਂ ਪਹੁੰਚ ਸਕਦੇ, ਅਜਿਹੇ ਮਰੀਜ਼ਾਂ ਨੂੰ ਦਵਾਈ ਪਹੁੰਚਾਉਣ ਲਈ ਇਹ ਬੱਸ ਸੇਵਾ ਵਰਦਾਨ ਸਾਬਿਤ ਹੋ ਰਹੀ ਹੈ।

ਸਿਵਲ ਸਰਜਨ ਮੋਗਾ ਡਾ: ਮਨਿੰਦਰ ਕੌਰ ਮਿਨਹਾਸ ਨੇ ਦੱਸਿਆ ਕਿ ਇਸ ਮੋਬਾਈਲ ਮੈਡੀਕਲ ਯੂਨਿਟ ਦੇ ਡਾਕਟਰਾਂ ਅਤੇ ਪੈਰਾ ਮੈਡੀਕਲ ਸਟਾਫ਼ ਵੱਲੋਂ ਐਤਵਾਰ ਅਤੇ ਗਜ਼ਟਿਡ ਛੁੱਟੀਆਂ ਨੂੰ ਛੱਡ ਕੇ ਰੋਜਾਨਾ ਸਵੇਰੇ 9 ਵਜੇ ਤੋਂ ਬਾਅਦ ਦੁਪਹਿਰ 3 ਵਜੇ ਤੱਕ ਵੱਖ-ਵੱਖ ਪਿੰਡਾਂ ਤੇ ਸਲਮ ਬਸਤੀਆਂ ਵਿੱਚ ਜਾ ਕੇ ਮਰੀਜਾਂ ਦਾ ਚੈਕ-ਅਪ ਕੀਤਾ ਜਾਂਦਾ ਹੈ। ਇਸ ਯੂਨਿਟ ਵੱਲੋਂ ਰੋਜਾਨਾ ਦੋ ਪਿੰਡਾਂ ਦੇ ਮਰੀਜ ਚੈਕ ਕੀਤੇ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਚਾਲੂ ਮਹੀਨਾ ਜੁਲਾਈ, 2017 ਦੌਰਾਨ ਇਸ ਮੋਬਾਈਲ ਮੈਡੀਕਲ ਯੂਨਿਟ ਵੱਲੋਂ 26 ਪਿੰਡਾਂ ਦਾ ਦੌਰਾ ਕਰਦੇ ਹੋਏ ਉਥੇ ਰਹਿਣ ਵਾਲੇ ਵਸਨੀਕਾਂ ਦਾ ਚੈਕ-ਅਪ ਕੀਤਾ ਜਾਵੇਗਾ। ਸਿਵਲ ਸਰਜਨ ਨੇ ਇੰਨ੍ਹਾਂ ਪਿੰਡਾਂ ਦੇ ਵਸਨੀਕਾਂ ਨੂੰ ਇਸ ਮੋਬਾਈਲ ਮੈਡੀਕਲ ਯੂਨਿਟ ਦਾ ਲਾਭ ਲੈਣ ਦੀ ਪ੍ਰੇਰਣਾ ਕੀਤੀ। ਇਸ ਮੌਕੇ ਮੋਬਾਈਲ ਮੈਡੀਕਲ ਯੂਨਿਟ ਮੋਗਾ ਦੇ ਨੋਡਲ ਅਫ਼ਸਰ-ਕਮ-ਡਿਪਟੀ ਮੈਡੀਕਲ ਕਮਿਸ਼ਨਰ ਮੋਗਾ ਸੁਰਿੰਦਰ ਸੇਤੀਆ ਅਤੇ ਜ਼ਿਲ੍ਹਾ ਪ੍ਰੋਗਰਾਮ ਮੈਨੇਜਰ ਨੈਸ਼ਨਲ ਹੈਲਥ ਮਿਸ਼ਨ (ਐਨ.ਐਚ.ਐਮ) ਵਿਨੇਸ਼ ਕੁਮਾਰ ਵੀ ਮੌਜੂਦ ਸਨ।



----------------------